ਅਜੀਤ, ਜਲੰਧਰ
ਅੰਮ੍ਰਿਤਸਰ
ਅਜੀਤ
ਬੁੱਧਵਾਰ, 29 ਅਕਤੂਬਰ 2025

ਪਿੰਡ ਸੈਂਸਰਾ ਕਲਾਂ ਵਿਖੇ ਸੜਕਾਂ ਦੀ ਉਸਾਰੀ ਦੇ ਨੀਂਹ ਪੱਥਰ ਰੱਖਣ ਮੌਕੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨਾਲ ਸਰਪੰਚ ਧਨਵੰਤ ਸਿੰਘ, ਸਕੱਤਰ ਸਿੰਘ ਸੈਂਸਰਾ, ਸਰਪੰਚ ਗੁਰਪਾਲ ਸਿੰਘ ਆਦਿ ਅਤੇ ਪਿੰਡ ਖਤਰਾਏ ਖੁਰਦ ਵਿਖੇ ਸੜਕ ਦੀ ਉਸਾਰੀ ਦਾ ਨੀਂਹ ਪੱਥਰ ਰੱਖਣ ਮੌਕੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ, ਸਰਪੰਚ ਬਲਜੀਤ ਸਿੰਘ ਅਤੇ ਹੋਰ ਪਿੰਡ ਵਾਸੀ ।
ਤਸਵੀਰਾਂ : ਸ਼ਰਨਜੀਤ ਸਿੰਘ ਗਿੱਲ

ਵਿਧਾਇਕ ਧਾਲੀਵਾਲ ਵਲੋਂ ਸੈਂਸਰਾ ਕਲਾਂ, ਖਤਰਾਏ ਖੁਰਦ ਤੇ ਹੋਰ ਪਿੰਡਾਂ ਵਿਚ ਸੜਕਾਂ ਦੀ ਖਾਸ ਮੁਰੰਮਤ ਦੇ ਰੱਖੇ ਨੀਂਹ ਪੱਥਰ

ਜਗਦੇਵ ਕਲਾਂ, 28 ਅਕਤੂਬਰ (ਸ਼ਰਨਜੀਤ ਸਿੰਘ ਗਿੱਲ)-ਵਿਧਾਨ ਸਭਾ ਹਲਕਾ ਅਜਨਾਲਾ ਤੋਂ ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਵਲੋਂ ਵਿਕਾਸ ਕਾਰਜਾਂ ਦੀ ਲੜੀ ਨੂੰ ਅੱਗੇ ਤੋਰਦਿਆਂ ਹਰਸ਼ਾ ਛੀਨਾ- ਫ਼ਤਹਿਗੜ੍ਹ ਚੂੜੀਆਂ ਰੋਡ ਤੋਂ ਸੈਂਸਰਾ ਕਲਾਂ ਸੜ੍ਹਕ, ਰਾਣੇਵਾਲੀ ਘਰਾਟਾਂ ਤੋਂ ਸੈਂਸਰਾ ਕਲਾਂ ਸੜਕ, ਖਤਰਾਏ ਖੁਰਦ ਤੋਂ ਤੇੜਾ ਖੁਰਦ, ਅਜਨਾਲਾ ਫ਼ਤਹਿਗੜ੍ਹ ਚੂੜੀਆਂ ਰੋਡ ਤੋਂ ਵਿਛੋਆ-ਫਿਰਵਰਿਆਹ ਸੜਕ, ਕੋਟ ਕੇਸਰਾ ਤੋਂ ਸੁਰਜੀਤ ਸਿੰਘ ਡੇਰਾ ਵਾਇਆ ਫਿਰਵਰਿਆਹ ਸੜਕ ਅਤੇ ਹਰਦੋਪੁੱਤਲੀ ਤੋਂ ਝੰਡੇਰ ਸੜਕ ਤੱਕ ਸੜਕਾਂ ਦੀ ਖਾਸ ਮੁਰੰਮਤੀ ਦੇ ਨੀਂਹ ਪੱਥਰ ਰੱਖੇ ਗਏ। ਉਨ੍ਹਾਂ ਨੇ ਗੱਲਬਾਤ ਕਰਦਿਆਂ ਕਿਹਾ ਉਕਤ ਸੜਕਾਂ ਦੇ ਕੰਮ ਥੋੜ੍ਹੇ ਦਿਨਾਂ ਤੱਕ ਸ਼ੁਰੂ ਕਰ ਦਿੱਤੇ ਜਾਣਗੇ । ਉਨ੍ਹਾਂ ਨੇ ਪਿੰਡਾਂ ਦੇ ਲੋਕਾਂ ਕੋਲੋਂ ਵੀ ਸੜਕਾਂ ਦੇ ਨਿਰਮਾਣ ਕਾਰਜਾਂ 'ਚ ਗੁਣਵੱਤਾ ਕਾਇਮ ਰੱਖਣ ਲਈ ਸਹਿਯੋਗ ਦੇਣ ਦੀ ਅਪੀਲ ਕੀਤੀ । ਇਸ ਮੌਕੇ ਮਾਰਕੀਟ ਕਮੇਟੀ ਅਜਨਾਲਾ ਦੇ ਚੇਅਰਮੈਨ ਬਲਦੇਵ ਸਿੰਘ ਬੱਬੂ ਚੇਤਨਪੁਰਾ, ਖੁਸ਼ਪਾਲ ਸਿੰਘ ਧਾਲੀਵਾਲ, ਸਾਬਕਾ ਸਰਪੰਚ ਸਕੱਤਰ ਸਿੰਘ ਸੈਂਸਰਾ, ਸਰਪੰਚ ਧਨਵੰਤ ਸਿੰਘ ਸੈਂਸਰਾ ਕਲਾਂ, ਸਰਪੰਚ ਹਰਪ੍ਰੀਤ ਸਿੰਘ ਰੰਧਾਵਾ ਸੈਂਸਰਾ ਪੱਤੀ ਦਾਓਕੇ, ਸਰਪੰਚ ਗੁਰਪਾਲ ਸਿੰਘ ਸੈਂਸਰਾ ਪੱਤੀ (ਰਾਮਪੁਰਾ), ਸਰਪੰਚ ਜਗਦੀਸ਼ ਸਿੰਘ ਘੁੱਕੇਵਾਲੀ, ਸਰਪੰਚ ਬਲਜੀਤ ਸਿੰਘ ਬਿੱਲਾ ਖਤਰਾਏ ਖੁਰਦ, ਸਰਪੰਚ ਬਾਊ ਝੰਡੇਰ, ਹਰਜੀਤ ਸਿੰਘ ਸਰਕਾਰੀਆ, ਸਾਬਕਾ ਸਰਪੰਚ ਧੰਨਬੀਰ ਸਿੰਘ ਸਰਕਾਰੀਆ, ਅਮੋਲਕ ਸਿੰਘ ਹੇਰ, ਲਖਬੀਰ ਸਿੰਘ ਭੱਟੀ, ਸੂਬੇਦਾਰ ਰਘਬੀਰ ਸਿੰਘ, ਨੰਬਰਦਾਰ ਮਨਜੀਤ ਸਿੰਘ, ਸਤਬੀਰ ਸਿੰਘ ਬਾਠ, ਮਦਨਜੀਤ ਸਿੰਘ ਸਰਕਾਰੀਆ ਆਦਿ ਹਾਜ਼ਰ ਸਨ।

ਸਮਰਾ ਨੇ ਹਲਕਾ ਅਜਨਾਲਾ ਦੇ ਵੱਖ-ਵੱਖ ਪਿੰਡਾਂ ਵਿਚ ਜਾ ਕੇ ਹੜ੍ਹ ਪੀੜਤ ਕਿਸਾਨਾਂ ਨੂੰ ਵੰਡਿਆ ਕਣਕ ਦਾ ਬੀਜ

ਅਜਨਾਲਾ, 28 ਅਕਤੂਬਰ (ਗੁਰਪ੍ਰੀਤ ਸਿੰਘ ਢਿੱਲੋਂ)-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅੱਜ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ, ਹਲਕਾ ਅਜਨਾਲਾ ਦੇ ਇੰਚਾਰਜ ਤੇ ਸ਼੍ਰੋਮਣੀ ਕਮੇਟੀ ਮੈਂਬਰ ਸ. ਜੋਧ ਸਿੰਘ ਸਮਰਾ ਵਲੋਂ ਵਿਧਾਨ ਸਭਾ ਹਲਕਾ ਅਜਨਾਲਾ ਦੇ ਲਗਭਗ 1 ਦਰਜਨ ਹੜ੍ਹ ਪ੍ਰਭਾਵਿਤ ਪਿੰਡਾਂ ਵਿਚ ਜਾ ਕੇ ਕਿਸਾਨਾਂ ਨੂੰ ਕਣਕ ਦਾ ਬੀਜ ਵੰਡਿਆ ਗਿਆ। ਇਸ ਦੌਰਾਨ ਹਲਕਾ ਇੰਚਾਰਜ ਸ. ਜੋਧ ਸਿੰਘ ਸਮਰਾ ਨੇ ਕਿਹਾ ਕਿ ਅਗਸਤ ਮਹੀਨੇ ਵਿਚ ਆਏ ਭਿਆਨਕ ਹੜ੍ਹਾਂ ਦੌਰਾਨ ਜਿੱਥੇ ਸ਼੍ਰੋਮਣੀ ਅਕਾਲੀ ਦਲ ਵਲੋਂ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਹੜ੍ਹਾਂ 'ਚ ਫਸੇ ਲੋਕਾਂ ਤੱਕ ਰਾਸ਼ਨ ਸਮੇਤ ਹੋਰ ਲੋੜੀਂਦਾ ਸਾਮਾਨ ਪਹੁੰਚਾਇਆ ਗਿਆ ਸੀ, ਉੱਥੇ ਹੀ ਹੁਣ ਕਣਕ ਦੀ ਬਿਜਾਈ ਸਮੇਂ ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਕਣਕ ਦੇ ਸੁਧਰੇ ਹੋਏ ਬੀਜ ਮੁਹਈਆ ਕਰਵਾਉਣ ਦਾ ਕੀਤਾ ਗਿਆ ਉਪਰਾਲਾ ਆਪਣੇ ਆਪ ਵਿਚ ਮਿਸਾਲ ਹੈ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਐਗਜ਼ੈਕਟਿਵ ਕਮੇਟੀ ਮੈਂਬਰ ਮਾਸਟਰ ਅਮਰੀਕ ਸਿੰਘ ਵਿਛੋਆ, ਸਾਬਕਾ ਸਰਪੰਚ ਦਲਬੀਰ ਸਿੰਘ ਚੱਕ ਡੋਗਰਾਂ, ਸਾਬਕਾ ਸਰਪੰਚ ਪਰਗਟ ਸਿੰਘ ਚੱਕਬਾਲਾ, ਇਕਬਾਲ ਸਿੰਘ ਸਿੰਟੂ ਚਾਵਲਾ ਅਜਨਾਲਾ, ਅਮਰੀਕ ਸਿੰਘ ਸਾਰੰਗਦੇਵ, ਗੁਰਮੀਤ ਸਿੰਘ, ਕੁਲਵੰਤ ਸਿੰਘ, ਇਕਬਾਲ ਸਿੰਘ ਗੁਰਾਲਾ, ਗੁਰਪ੍ਰੀਤ ਸਿੰਘ ਗੋਪੀ, ਬਲਰਾਜ ਸਿੰਘ ਜਗਦੇਵ ਖੁਰਦ, ਪੀ.ਏ. ਗੁਰਭੇਜ ਸਿੰਘ ਭੱਟੀ, ਪਿੱਪਲ ਸਿੰਘ ਭੂੰਦੜ, ਆਕਾਸ਼ਦੀਪ ਸਿੰਘ ਭੂਰੇਗਿੱਲ, ਜੁਗਰਾਜ ਸਿੰਘ ਅਲੀਵਾਲ ਕੋਟਲੀ, ਨਿਰਮਲ ਸਿੰਘ, ਜਸਬੀਰ ਸਿੰਘ, ਦਲਬੀਰ ਸਿੰਘ ਫੌਜੀ, ਅਵਤਾਰ ਸਿੰਘ ਅਤੇ ਜੋਗਿੰਦਰ ਸਿੰਘ ਨੰਬਰਦਾਰ ਆਦਿ ਹਾਜ਼ਰ ਸਨ।

ਅਜਨਾਲਾ ਦੇ ਪਿੰਡ ਅਲੀਵਾਲ ਕੋਟਲੀ ਵਿਖੇ ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਕਣਕ ਦੇ ਬੀਜ ਵੰਡਣ ਸਮੇਂ ਹਲਕਾ ਇੰਚਾਰਜ ਜੋਧ ਸਿੰਘ ਸਮਰਾ ਨਾਲ ਸਾਬਕਾ ਸਰਪੰਚ ਪਰਗਟ ਸਿੰਘ ਚੱਕਬਾਲਾ, ਜੁਗਰਾਜ ਸਿੰਘ ਧਾਲੀਵਾਲ ਕੋਟਲੀ ਤੇ ਹੋਰ ਅਤੇ ਦੇਰ ਸ਼ਾਮ ਪਿੰਡ ਹਰੜ ਕਲਾਂ ਵਿਖੇ ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਬੀਜ ਵੰਡਦੇ ਹੋਏ ਨਾਲ ਹੋਰ ਪਿੰਡ ਵਾਸੀ।
ਤਸਵੀਰਾਂ : ਗੁਰਪ੍ਰੀਤ ਸਿੰਘ ਢਿੱਲੋਂ

ਸੀਨੀਅਰ ਸੈਕੰਡਰੀ ਸਕੂਲ ਜਲਾਲ ਉਸਮਾ ਵਿਖੇ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਦੌਰਾਨ ਕਿਤਾਬਾਂ ਦੇਣ ਸਮੇਂ ਸਤਿਨਾਮ ਸਿੰਘ ਜੱਜ, ਪ੍ਰਿੰਸੀ. ਸੁਖਜੀਤ ਕੌਰ ਤੇ ਹੋਰ।
ਤਸਵੀਰ : ਧਰਮਿੰਦਰ ਸਿੰਘ ਭੰਮਰਾ

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜਲਾਲ ਉਸਮਾ ਦੇ ਵਿਦਿਆਰਥੀਆਂ ਨੇ ਚੇਤਨਾ ਪਰਖ ਪ੍ਰੀਖਿਆ 'ਚ ਦਿੱਤਾ ਇਮਤਿਹਾਨ

ਚੌਕ ਮਹਿਤਾ, 28 ਅਕਤੂਬਰ (ਧਰਮਿੰਦਰ ਸਿੰਘ ਭੰਮਰਾ)-ਅੱਜ ਸੀਨੀਅਰ ਸੈਕੰਡਰੀ ਸਕੂਲ ਜਲਾਲ ਉਸਮਾ ਵਿਖੇ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਕਰਵਾਈ ਗਈ। ਇਸ ਪ੍ਰੀਖਿਆ ਦੀ ਤਿਆਰੀ ਲਈ ਤਰਕਸ਼ੀਲ ਸੁਸਾਇਟੀ ਪੰਜਾਬ ਵਲੋਂ ਮਿਡਲ ਅਤੇ ਸੈਕੰਡਰੀ ਗਰੁੱਪਾਂ ਲਈ ਦੋ ਵੱਖ-ਵੱਖ ਕਿਤਾਬਾਂ ਤਿਆਰ ਕਰਕੇ ਵਿਦਿਆਰਥੀਆਂ ਨੂੰ ਪਹਿਲਾਂ ਮੁਹਈਆ ਕਰਵਾਈਆਂ ਸਨ। ਤਰਕਸ਼ੀਲਾਂ ਵਲੋਂ ਵਿਦਿਆਰਥੀਆਂ ਵਿਚ ਵਿਗਿਆਨਿਕ ਚੇਤਨਾ ਵਿਕਸਤ ਕਰਨ ਅਤੇ ਵਹਿਮਾਂ, ਭਰਮਾਂ, ਅੰਧ ਵਿਸ਼ਵਾਸ਼ਾਂ ਅਤੇ ਸਮਾਜਿਕ ਬੁਰਾਈਆਂ ਤੋਂ ਮੁਕਤ ਕਰਨ ਦੇ ਮਕਸਦ ਵਜੋਂ ਤਰਕਸ਼ੀਲ ਸੁਸਾਇਟੀ ਪੰਜਾਬ ਵਲੋਂ ਪੰਜਾਬ ਦੇ ਸੈਂਕੜੇ ਸਕੂਲਾਂ ਵਿਚ ਗਦਰੀ ਗੁਲਾਬ ਕੌਰ ਨੂੰ ਸਮਰਪਿਤ ਸਤਵੀਂ ਚੇਤਨਾ ਪਰਖ ਪ੍ਰੀਖਿਆ ਕਰਵਾਈ ਗਈ। ਜਿਸ ਦੀ ਜਾਣਕਾਰੀ ਦਿੰਦੇ ਸਤਨਾਮ ਸਿੰਘ ਜੱਜ ਨੇ ਦੱਸਿਆ ਕਿ ਇਸ ਪ੍ਰੀਖਿਆ ਦਾ ਨਤੀਜਾ ਬਹੁਤ ਜਲਦੀ ਐਲਾਨਿਆ ਜਾਵੇਗਾ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਸੁਖਜੀਤ ਕੌਰ, ਲੈਕ: ਭਜਨ ਸਿੰਘ, ਲੈਕ: ਅਵਤਾਰ ਸਿੰਘ ਚੀਮਾ, ਸ੍ਰੀਮਤੀ ਸੰਦੀਪ ਕੌਰ, ਸ੍ਰੀਮਤੀ ਰਮਨਦੀਪ ਕੌਰ, ਮਾ: ਮਨਮੋਹਨ ਸਿੰਘ ਅਤੇ ਸੁਖਦੇਵ ਸਿੰਘ ਆਦਿ ਨੇ ਤਰਕਸ਼ੀਲ ਸੁਸਾਇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਪੂਰਨ ਤੌਰ 'ਤੇ ਸਹਿਯੋਗ ਦਿੱਤਾ।

ਨਗਰ ਪੰਚਾਇਤ ਦੇ ਸਾਬਕਾ ਪ੍ਰਧਾਨ ਦੀਪਕ ਅਰੋੜਾ ਦੇ ਮਾਤਾ ਸੁਨੀਤਾ ਰਾਣੀ ਦਾ ਦਿਹਾਂਤ

ਮੈਂਬਰ ਪਾਰਲੀਮੈਂਟ ਔਜਲਾ ਅਤੇ ਸਾਬਕਾ ਵਿਧਾਇਕ ਹਰਪ੍ਰਤਾਪ ਸਿੰਘ ਅਜਨਾਲਾ ਸਮੇਤ ਹੋਰਨਾਂ ਵਲੋਂ ਪਰਿਵਾਰ ਨਾਲ ਦੁੱਖ ਸਾਂਝਾ

ਅਜਨਾਲਾ, 28 ਅਕਤੂਬਰ (ਗੁਰਪ੍ਰੀਤ ਸਿੰਘ ਢਿੱਲੋਂ)-ਨਗਰ ਪੰਚਾਇਤ ਅਜਨਾਲਾ ਦੇ ਸਾਬਕਾ ਪ੍ਰਧਾਨ ਤੇ ਕਾਂਗਰਸ ਦੇ ਸੀਨੀਅਰ ਆਗੂ ਦੀਪਕ ਅਰੋੜਾ ਇਲੈਕਟ੍ਰੋਨਿਕ ਵਾਲਿਆਂ ਨੂੰ ਅੱਜ ਉਸ ਵੇਲੇ ਵੱਡਾ ਸਦਮਾ ਪਹੁੰਚਿਆ ਜਦੋਂ ਤੜਕਸਾਰ ਉਨ੍ਹਾਂ ਦੇ ਸਤਿਕਾਰਯੋਗ ਮਾਤਾ ਜੀ ਸੁਨੀਤਾ ਰਾਣੀ ਪਤਨੀ ਤਰਸੇਮ ਰਾਜ ਅਰੋੜਾ ਦਾ ਸੰਖੇਪ ਬਿਮਾਰੀ ਪਿੱਛੋਂ ਦੇਹਾਂਤ ਹੋ ਗਿਆ। ਉਨ੍ਹਾਂ ਦਾ ਅੰਤਿਮ ਸੰਸਕਾਰ ਸ਼ਿਵਪੁਰੀ ਅਜਨਾਲਾ ਵਿਖੇ ਕਰ ਦਿੱਤਾ ਗਿਆ। ਇਸ ਦੁੱਖ ਦੀ ਘੜੀ ਵਿਚ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ, ਸਾਬਕਾ ਵਿਧਾਇਕ ਤੇ ਜ਼ਿਲ੍ਹਾ ਦਿਹਾਤੀ ਪ੍ਰਧਾਨ ਹਰਪ੍ਰਤਾਪ ਸਿੰਘ ਅਜਨਾਲਾ, ਡਾਇਰੈਕਟਰ ਕੰਵਰਪ੍ਰਤਾਪ ਸਿੰਘ ਅਜਨਾਲਾ, ਜੁਗਰਾਜ ਸਿੰਘ ਅਜਨਾਲਾ, ਕਾਂਗਰਸ ਸ਼ਹਿਰੀ ਪ੍ਰਧਾਨ ਦਵਿੰਦਰ ਸਿੰਘ ਡੈਮ, ਨਗਰ ਪੰਚਾਇਤ ਪ੍ਰਧਾਨ ਜਸਪਾਲ ਸਿੰਘ ਢਿੱਲੋਂ, ਸਾਬਕਾ ਪ੍ਰਧਾਨ ਐਡਵੋਕੇਟ ਮਨਜੀਤ ਸਿੰਘ ਨਿੱਝਰ, ਕੌਂਸਲਰ ਗੁਰਦੇਵ ਸਿੰਘ ਨਿੱਝਰ, ਸਾਬਕਾ ਕੌਂਸਲਰ ਪ੍ਰਦੀਪ ਕੁਮਾਰ ਬੰਟਾ, ਪਵਨ ਜੰਡਿਆਲਾ, ਧੀਰਜ ਕੁੰਦਰਾ, ਸੌਰਵ ਦੂਆ, ਗੌਤਮ ਅਰੋੜਾ, ਵਿਕਾਸ ਮਹਾਜਨ, ਕਾਕਾ ਪ੍ਰਿੰਸ, ਆਰ. ਕੇ ਮਹਾਜਨ, ਰਮਨ, ਦਾਨਿਸ਼ ਧਾਮੀ ਅਤੇ ਕਿਸ਼ਨ ਲਾਲ ਅਰੋੜਾ ਸਮੇਤ ਹੋਰਨਾਂ ਰਾਜਨੀਤਿਕ ਧਾਰਮਿਕ ਤੇ ਸ਼ਖ਼ਸੀਅਤਾਂ ਵਲੋਂ ਦੀਪਕ ਅਰੋੜਾ ਇਲੈਕਟਰੋਨਿਕ ਵਾਲਿਆਂ ਸਮੇਤ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ। ਮਾਤਾ ਸੁਨੀਤਾ ਰਾਣੀ ਨਮਿੱਤ ਰਸਮ ਚੌਥਾ ਉਠਾਲਾ 30 ਅਕਤੂਬਰ ਦਿਨ ਵੀਰਵਾਰ ਨੂੰ ਦੁਪਹਿਰ 1 ਤੋਂ 2 ਵਜੇ ਤੱਕ ਸ਼ਿਵ ਮੰਦਿਰ ਅਜਨਾਲਾ ਵਿਖੇ ਹੋਵੇਗੀ।

ਮਾਤਾ ਸੁਨੀਤਾ ਰਾਣੀ

ਤਰਨ ਤਾਰਨ ਜ਼ਿਮਨੀ ਚੋਣ ਦੌਰਾਨ ਆਪ ਦਾ ਮੁਲਾਜ਼ਮ ਵਿਰੋਧੀ ਚਿਹਰਾ ਕਰਾਂਗੇ ਨਸ਼ਰ-ਜੀ.ਟੀ.ਯੂ.

2 ਨੂੰ ਕੀਤਾ ਜਾਵੇਗਾ ਝੰਡਾ ਮਾਰਚ

ਜਗਦੇਵ ਕਲਾਂ, 28 ਅਕਤੂਬਰ (ਸ਼ਰਨਜੀਤ ਸਿੰਘ ਗਿੱਲ)-ਪੁਰਾਣੀ ਪੈਨਸ਼ਨ ਬਹਾਲ ਸੰਘਰਸ਼ ਕਮੇਟੀ ਅਤੇ ਸੀ.ਪੀ.ਐੱਫ. ਕਰਮਚਾਰੀ ਯੂਨੀਅਨ ਵਲੋਂ ਸਾਂਝੇ ਤੌਰ ਤੇ 2 ਨਵੰਬਰ ਨੂੰ ਤਰਨਤਾਰਨ ਵਿਖੇ ਝੰਡਾ ਮਾਰਚ ਵਿਚ ਅਧਿਆਪਕ ਵਧ ਚੜ ਕੇ ਸ਼ਾਮਿਲ ਹੋ ਕੇ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਮੁਲਾਜ਼ਮ ਤੇ ਲੋਕ ਵਿਰੋਧੀ ਚਿਹਰਾ ਆਮ ਲੋਕਾਂ ਵਿਚ ਨਸ਼ਰ ਕੀਤਾ ਜਾਵੇਗਾ । ਇਹ ਪ੍ਰਗਟਾਵਾ ਇਥੋਂ ਜਾਰੀ ਪ੍ਰੈੱਸ ਬਿਆਨ ਰਾਹੀਂ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਅੰਮ੍ਰਿਤਸਰ ਪ੍ਰਧਾਨ ਸੁੱਚਾ ਸਿੰਘ ਟਰਪਈ, ਸੂਬਾ ਮੀਤ ਪ੍ਰਧਾਨ ਗੁਰਦੀਪ ਸਿੰਘ ਬਾਜਵਾ, ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਕੋ-ਕਨਵੀਨਰ ਹਰਵਿੰਦਰ ਸਿੰਘ ਸੁਲਤਾਨਵਿੰਡ ਅਤੇ ਹੀਰਾ ਸਿੰਘ ਭੱਟੀ ਦੁਆਰਾ ਕੀਤਾ ਗਿਆ। ਇਸ ਮੌਕੇ ਆਗੂਆਂ ਨੇ ਦੱਸਿਆ ਕਿ ਆਪ ਸਰਕਾਰ ਨੇ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪੰਜਾਬ ਦੇ 2 ਲੱਖ ਮੁਲਾਜ਼ਮਾਂ ਨੂੰ ਗਰੰਟੀ ਦਿੱਤੀ ਸੀ ਕਿ ਪੰਜਾਬ ਵਿਚ ਆਪ ਸਰਕਾਰ ਬਣਦਿਆਂ ਹੀ ਪੁਰਾਣੀ ਪੈਨਸ਼ਨ ਬਹਾਲ ਕਰ ਦਿੱਤੀ ਜਾਵੇਗੀ। ਪਰ ਪੰਜਾਬ ਸਰਕਾਰ ਦੁਆਰਾ 18 ਨਵੰਬਰ 2022 ਨੂੰ ਦੀਵਾਲੀ ਤੋਂ ਪਹਿਲਾਂ ਕੀਤਾ ਪੁਰਾਣੀ ਪੈਨਸ਼ਨ ਬਹਾਲੀ ਦਾ ਨੋਟੀਫਿਕੇਸ਼ਨ ਅਜੇ ਤੱਕ ਲਾਗੂ ਨਹੀਂ ਕੀਤਾ ਗਿਆ। ਇਸ ਮੌਕੇ ਆਗੂਆਂ ਨੇ ਦੱਸਿਆ ਕਿ ਕੇਂਦਰ ਅਤੇ ਰਾਜ ਸਰਕਾਰ ਦੀਆਂ ਕਾਰਪੋਰੇਟ ਪੱਖੀ ਨੀਤੀਆਂ ਦੇ ਵਿਰੋਧ 'ਚ ਦੇਸ਼ ਦੇ 70 ਲੱਖ ਐੱਨ.ਪੀ.ਐੱਸ. ਪੀੜਤ ਮੁਲਾਜ਼ਮ 25 ਨਵੰਬਰ ਨੂੰ ਦਿੱਲੀ ਦੇ ਰਾਮ ਰਾਮਲੀਲਾ ਮੈਦਾਨ ਵਿਚ ਮਹਾਂ ਰੈਲੀ ਕਰਨਗੇ ਤੇ ਕੇਂਦਰ ਤੇ ਰਾਜ ਸਰਕਾਰ ਨੂੰ ਸਪਸ਼ਟ ਸੁਨੇਹਾ ਦੇਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੌਰਮਿੰਟ ਟੀਚਰਜ਼ ਯੂਨੀਅਨ ਦੇ ਜ਼ਿਲ੍ਹਾ ਵਿੱਤ ਸਕੱਤਰ ਹਰਪ੍ਰੀਤ ਸਿੰਘ ਸੋਹੀਆਂ, ਹਰਮਨਦੀਪ ਸਿੰਘ ਭੰਗਾਲੀ, ਨਵਜੋਤ ਸਿੰਘ ਰਤਨ, ਯਾਦਵਿੰਦਰ ਸਿੰਘ ਸੰਧੂ, ਰਵੀਇੰਦਰ ਪਾਲ ਸਿੰਘ, ਜਗਦੀਪ ਸਿੰਘ ਜਲਾਲਪੁਰਾ, ਨਵਤੇਜ ਸਿੰਘ ਖਲਚੀਆਂ, ਇੰਦਰਪ੍ਰੀਤ ਸਿੰਘ ਕਰਨਜੀਤ ਸਿੰਘ ਸੀ.ਐੱਚ.ਟੀ., ਹਰਵਿੰਦਰ ਸਿੰਘ ਜਲਾਲਾਬਾਦ, ਮੰਗਲ ਸਿੰਘ ਟਾਂਡਾ ਆਦਿ ਸਾਥੀ ਮੌਜੂਦ ਸਨ।

ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਅਟਾਰੀ ਰੇਲਵੇ ਸਟੇਸ਼ਨ ਦੇ ਵਿਦਿਆਰਥੀਆਂ ਦੀ ਹੌਸਲਾ ਅਫਜਾਈ ਕਰਨ ਸਮੇਂ ਪ੍ਰਿੰਸੀਪਲ ਗੁਰਪ੍ਰੀਤ ਕੌਰ ਰੋਹੋਵਾਲ ਤੇ ਸਕੂਲ ਦੇ ਸਟਾਫ ਮੈਂਬਰ।
ਤਸਵੀਰ : ਰਾਜਿੰਦਰ ਸਿੰਘ ਰੂਬੀ

ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਅਟਾਰੀ ਦੇ ਬੱਚਿਆਂ ਨੇ ਖੇਡਾਂ ਵਿਚ ਮਾਰੀਆਂ ਮੱਲਾਂ

ਅਟਾਰੀ (ਅੰਮ੍ਰਿਤਸਰ), 28 ਅਕਤੂਬਰ (ਰਾਜਿੰਦਰ ਸਿੰਘ ਰੂਬੀ)-ਇੰਟਰਨੈਸ਼ਨਲ ਸਕੂਲ ਰਣਜੀਤ ਐਵੀਨਿਊ ਵਿਖੇ ਹੋਈਆਂ 24ਵੀਆਂ ਜੋਨ ਖੇਡਾਂ ਵਿਚ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਅਟਾਰੀ ਦੇ ਬੱਚਿਆਂ ਵਲੋਂ ਸ਼ਾਨਦਾਰ ਪ੍ਰਦਰਸ਼ਨ ਕੀਤਾ ਗਿਆ। ਬੱਚਿਆਂ ਦੇ ਕਰਵਾਏ ਗਏ ਮੁਕਾਬਲਿਆਂ ਵਿਚ ਗਤਕਾ (ਸਿੰਗਲ ਸੋਟੀ) ਅੰਡਰ-17 ਮੁੰਡਿਆ ਵਲੋਂ ਗੋਲਡ ਮੈਡਲ ਹਾਸਲ ਕੀਤਾ ਗਿਆ। ਇਸੇ ਤਰ੍ਹਾਂ ਰੱਸਾ ਕਸ਼ੀ ਮੁਕਾਬਲੇ ਵਿਚ ਅੰਡਰ-17 ਮੁੰਡਿਆ ਵਲੋਂ ਅਤੇ ਅੰਡਰ-17 ਵਾਲੀਬਾਲ ਕੁੜੀਆਂ ਦੇ ਮੁਕਾਬਲੇ ਵਿਚ ਸਿਲਵਰ ਮੈਡਲ ਹਾਸਲ ਕੀਤੇ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਗੁਰਪ੍ਰੀਤ ਕੌਰ ਰੋਹੋਵਾਲ ਨੇ ਬੱਚਿਆਂ ਦੀ ਇਸ ਸ਼ਾਨਦਾਰ ਕਾਰਗੁਜ਼ਾਰੀ 'ਤੇ ਉਨ੍ਹਾਂ ਨੂੰ ਵਧਾਈ ਦਿੱਤੀ ਤੇ ਅੱਗੇ ਤੋਂ ਭਵਿੱਖ ਵਿਚ ਹੋਰ ਵਧੀਆ ਖੇਡਣ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਐਡੀਸ਼ਨਲ ਆਨਰੇਰੀ ਸਕੱਤਰ ਜਸਪਾਲ ਸਿੰਘ ਢਿੱਲੋਂ ਅਤੇ ਮੈਂਬਰ ਇੰਚਾਰਜ ਅਜੀਤ ਸਿੰਘ ਨੇ